# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :22-01-2026**

ਭਾਰਤ ਅਤੇ ਯੂਰਪੀਅਨ ਯੂਨੀਅਨ ਦਰਮਿਆਨ ਅਗਲੇ ਹਫ਼ਤੇ ਨਵੀਂ ਦਿੱਲੀ ਵਿੱਚ ਹੋਣ ਵਾਲੇ ਸਿਖਰ ਸੰਮੇਲਨ ਵਿੱਚ, ਇੱਕ ਨਵੇਂ ਸੁਰੱਖਿਆ ਅਤੇ ਰੱਖਿਆ ਭਾਈਵਾਲੀ ਸਮਝੌਤੇ 'ਤੇ ਦਸਤਖਤ ਹੋਣ ਨਾਲ ਰਣਨੀਤਕ ਸਬੰਧ ਹੋਰ ਮਜ਼ਬੂਤ ਹੋਣਗੇ ।ਯੂਰਪੀਅਨ ਯੂਨੀਅਨ ਦੇ ਵਿਦੇਸ਼ ਨੀਤੀ ਮੁਖੀ ਕਾਜਾ ਕੈਲਾਸ ਨੇ ਕੱਲ੍ਹ ਸ਼ਾਮ ਫਰਾਂਸ ਵਿੱਚ ਯੂਰਪੀਅਨ ਸੰਸਦ ਨੂੰ ਆਪਣੇ ਸੰਬੋਧਨ ਦੌਰਾਨ ਇਸਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਸਮੁੰਦਰੀ ਸੁਰੱਖਿਆ, ਦਹਿਸ਼ਤਗਰਦੀ ਵਿਰੋਧੀ ਅਤੇ ਸਾਈਬਰ ਸੁਰੱਖਿਆ ਸਮੇਤ ਕਈ ਖੇਤਰਾਂ ਵਿੱਚ ਸਹਿਯੋਗ ਨੂੰ ਮਜ਼ਬੂਤ ਕਰੇਗਾ, ਜਿਸ ਵਿੱਚ ਹਿੰਦ-ਪ੍ਰਸ਼ਾਂਤ ਖੇਤਰ ਵਿੱਚ ਸਥਿਰਤਾ 'ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਯੂਰਪ, ਭਾਰਤ ਨਾਲ ਇੱਕ ਸ਼ਕਤੀਸ਼ਾਲੀ ਨਵਾਂ ਏਜੰਡਾ ਸ਼ੁਰੂ ਕਰਨ ਲਈ ਤਿਆਰ ਏ । ਉਨ੍ਹਾਂ ਜ਼ਿਕਰ ਕੀਤਾ ਕਿ ਯੂਰਪੀਅਨ ਯੂਨੀਅਨ, ਭਾਰਤ ਦੇ ਸਭ ਤੋਂ ਵੱਡੇ ਵਪਾਰਕ ਭਾਈਵਾਲਾਂ ਵਿੱਚੋਂ ਇੱਕ ਏ ।

-----------------------------------------------

ਛੇ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਉੱਤਰ ਪ੍ਰਦੇਸ਼, ਮਣੀਪੁਰ, ਮੇਘਾਲਿਆ, ਤ੍ਰਿਪੁਰਾ, ਦਾਦਰਾ ਅਤੇ ਨਗਰ ਹਵੇਲੀ ਅਤੇ ਦਮਨ ਅਤੇ ਦੀਉ ਦੇ ਰਾਜ ਸਥਾਪਨਾ ਦਿਵਸ ਸਮਾਰੋਹ ਚੰਡੀਗੜ੍ਹ ਦੇ ਪੰਜਾਬ ਲੋਕ ਭਵਨ ਵਿਖੇ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਦੀ ਮੌਜੂਦਗੀ ਵਿੱਚ ਆਯੋਜਿਤ ਕੀਤੇ ਗਏ। ਇਸ ਅਵਸਰ 'ਤੇ ਮੇਘਾਲਿਆ ਦੇ ਰਾਜਪਾਲ ਚੰਦਰਸ਼ੇਖਰ ਐੱਚ. ਵਿਜੈਸ਼ੰਕਰ ਦਾ ਇੱਕ ਵੀਡੀਓ ਸੰਦੇਸ਼  ਚਲਾਇਆ ਗਿਆ, ਜਿਸ ਤੋਂ ਬਾਅਦ ਮੇਘਾਲਿਆ ਦੀ ਸੱਭਿਆਚਾਰਕ ਅਤੇ ਕੁਦਰਤੀ ਵਿਰਾਸਤ 'ਤੇ ਅਧਾਰਿਤ ਇੱਕ ਦਸਤਾਵੇਜ਼ੀ ਫਿਲਮ ਦੀ ਸਕ੍ਰੀਨਿੰਗ ਕੀਤੀ ਗਈ। ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਰਾਜਪਾਲ ਨੇ ਸਹਿਭਾਗੀ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਲੋਕਾਂ ਨੂੰ ਰਾਜ ਸਥਾਪਨਾ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਿਹਾ ਕਿ ਅਜਿਹੇ ਆਯੋਜਨ ਭਾਰਤ ਦੀ "ਅਨੇਕਤਾ ਵਿੱਚ ਏਕਤਾ" ਨੂੰ ਦਰਸਾਉਂਦੇ ਹਨ ਅਤੇ "ਏਕ ਭਾਰਤ, ਸ਼੍ਰੇਸ਼ਠ ਭਾਰਤ" ਪਹਿਲ ਦੇ ਤਹਿਤ ਰਾਸ਼ਟਰੀ ਏਕਤਾ ਨੂੰ ਮਜ਼ਬੂਤ ਕਰਦੇ ਹਨ। ਰਾਜਪਾਲ ਨੇ ਮਣੀਪੁਰ, ਤ੍ਰਿਪੁਰਾ ਅਤੇ ਮੇਘਾਲਿਆ ਸਹਿਤ ਉੱਤਰ-ਪੂਰਬੀ ਰਾਜਾਂ ਦੇ ਵਿਕਾਸ, ਵਿਸ਼ੇਸ਼ ਕਰਕੇ ਖੇਡਾਂ ਵਿੱਚ ਉਨ੍ਹਾਂ ਦੀਆਂ ਵਧਦੀਆਂ ਉਪਲਬਧੀਆਂ, 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਉੱਤਰ ਪ੍ਰਦੇਸ਼

ਨੂੰ ਭਗਵਾਨ ਸ਼੍ਰੀ ਰਾਮ ਅਤੇ ਭਗਵਾਨ ਸ਼੍ਰੀ ਕ੍ਰਿਸ਼ਨ ਦੀ ਭੂਮੀ ਦਸਦੇ ਹੋਏ ਉਸ ਦੀ ਅਧਿਆਤਮਿਕ, ਸੱਭਿਆਚਾਰਕ ਅਤੇ ਸਾਹਿਤਕ ਵਿਰਾਸਤ ਦੀ ਸ਼ਲਾਘਾ ਕੀਤੀ। ਰਾਜਪਾਲ ਨੇ ਕਿਹਾ ਕਿ ਉੱਤਰ ਪ੍ਰਦੇਸ਼ ਦੀ ਆਮਿਰ ਵਿਰਾਸਤ ਭਾਰਤ ਦੀ ਅਨੇਕਤਾ ਵਿੱਚ ਏਕਤਾ ਨੂੰ ਦਰਸਾਉਂਦੀ ਏ।

ਰਾਜਪਾਲ ਨੇ ਮੇਘਾਲਿਆ ਦੀ ਵਾਤਾਵਰਣਕ ਚੇਤਨਾ ਅਤੇ ਦਾਦਰਾ ਅਤੇ ਨਗਰ ਹਵੇਲੀ ਅਤੇ ਦਮਨ ਅਤੇ ਦੀਉ ਦੀ ਉਨ੍ਹਾਂ ਦੀ ਸੈਰ ਸਪਾਟੇ ਦੀ ਸਮਰੱਥਾ ਅਤੇ ਵਿਕਾਸ ਪਹਿਲਾਂ ਦੀ ਵੀ ਸ਼ਲਾਘਾ ਕੀਤੀ।

---------------------------------------------------

ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਪੁਲਿਸ ਟੀਮਾਂ ਨੇ 72 ਘੰਟਿਆਂ ਦੇ 'ਆਪ੍ਰੇਸ਼ਨ ਪ੍ਰਹਾਰ' ਤਹਿਤ ਕੱਲ ਵਿਦੇਸ਼ੀ ਗੈਂਗਸਟਰਾਂ ਦੇ ਪਛਾਣੇ ਗਏ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ 'ਆਪ੍ਰੇਸ਼ਨ ਪ੍ਰਹਾਰ' ਤਹਿਤ 2000 ਤੋਂ ਵੱਧ ਪੁਲਿਸ ਟੀਮਾਂ, ਨੂੰ ਸੂਬੇ ਭਰ ਵਿੱਚ ਤਾਇਨਾਤ ਕੀਤਾ ਗਿਆ ਸੀ। ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਕਿਹਾ ਕਿ ਵਿਦੇਸ਼ੀ ਗੈਂਗਸਟਰਾਂ ਦੇ 1186 ਸਹਿਯੋਗੀਆਂ ਅਤੇ ਸਹਾਇਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ। ਅਰਪਿਤ ਸ਼ੁਕਲਾ ਨੇ ਕਿਹਾ ਕਿ ਗੈਂਗਸਟਰ ਵਿਰੋਧੀ ਹੈਲਪਲਾਈਨ ਨੰਬਰ 93946-93946 ਰਾਹੀਂ ਲੋਕ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਨੇ ਅਤੇ

ਜਾਣਕਾਰੀ ਦੇ ਅਧਾਰ ਤੇ ਜੇਕਰ ਕੋਈ ਗ੍ਰਿਫਤਾਰੀ ਹੁੰਦੀ ਏ ਤਾਂ ਜਾਣਕਾਰੀ ਦੇਣ ਵਾਲੇ ਨੂੰ 10 ਲੱਖ ਰੁਪਏ ਤੱਕ ਦੀ ਇਨਾਮੀ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

-----------------------------------------------------

ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਜਲੰਧਰ ਸਿਵਲ ਹਸਪਤਾਲ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਇਲਾਜ ਸੇਵਾਵਾਂ ਹੋਰ ਬਿਹਤਰ ਤੇ ਅਸਰਦਾਰ ਢੰਗ ਨਾਲ ਮੁਹੱਈਆ ਕਰਵਾਉਣ ਦੀਆਂ ਹਦਾਇਤਾਂ ਦਿੱਤੀਆਂ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।  ਸਿਵਲ ਹਸਪਤਾਲ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੈਬਨਿਟ ਮੰਤਰੀ ਨੇ ਹਸਪਤਾਲ ਵਿੱਚ ਸੀਵਰੇਜ ਦੀਆਂ ਪਾਈਪਾਂ ਪਾਉਣ ਦੇ ਚੱਲ ਰਹੇ ਕੰਮ, ਸਥਾਪਤ ਕੀਤੇ ਜਾ ਰਹੇ ਮੁਰੰਮਤ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਸ਼੍ਰੀ ਭਗਤ ਨੇ ਕਿਹਾ ਕਿ  ਸਿਵਲ ਹਸਪਤਾਲ ਬੁਨਿਆਦੀ ਢਾਂਚੇ, ਉਪਰਕਣਾਂ ਅਤੇ ਹੋਰ ਲੋੜਾਂ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਭਰੋਸਾ ਦਿਵਾਇਆ ਇਨ੍ਹਾਂ ਨੂੰ ਜਲਦ ਪੂਰਾ ਕੀਤਾ ਜਾਵੇਗਾ।

-----------------------------------------------------

ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੀ ਰਾਜ ਪੱਧਰੀ ਜਨਗਣਨਾ ਤਾਲਮੇਲ ਕਮੇਟੀ ਦੀ ਦੂਜੀ ਮੀਟਿੰਗ, ਮੁੱਖ ਸਕੱਤਰ ਐੱਚ ਰਾਜੇਸ਼ ਪ੍ਰਸਾਦ ਦੀ

ਪ੍ਰਧਾਨਗੀ ਵਿੱਚ ਕੱਲ ਚੰਡੀਗੜ੍ਹ ਸਕੱਤਰੇਤ ਵਿਖੇ ਹੋਈ।ਮੀਟਿੰਗ ਵਿੱਚ ਦੇਸ਼ ਦੀ ਜਨਗਣਨਾ 2027 ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ ਗਈ। ਇਸ ਵਿੱਚ ਜਨਗਣਨਾ ਤੋਂ ਪਹਿਲਾਂ ਦੀਆਂ ਗਤੀਵਿਧੀਆਂ, ਸਿੱਖ;ਲਾਇ ਪ੍ਰੋਗ੍ਰਾਮ ਅਤੇ ਬਜਟ ਵਿਵਸਥਾਵਾਂ ਦੀ ਪ੍ਰਗਤੀ 'ਤੇ ਵਿਸਤਾਰ ਨਾਲ ਚਰਚਾ ਕੀਤੀ ਗਈ। ਇਹ ਮੀਟਿੰਗ ਜਨਗਣਨਾ ਸੰਚਾਲਨ ਦੇ ਡਾਇਰੈਕਟਰ ਵਲੋਂ ਕੀਤੀ ਗਈ, ਜਿਸ ਵਿੱਚ ਰਾਜ ਪੱਧਰੀ ਜਨਗਣਨਾ ਤਾਲਮੇਲ ਕਮੇਟੀ ਦੇ ਸਾਰੇ ਮੈਂਬਰ ਵਿਭਾਗਾਂ ਤੇ ਹੋਰਨਾਂ ਨੁਮਾਇੰਦਿਆਂ ਨੇ ਹਿੱਸਾ ਲਿਆ |ਇਸ ਦੌਰਾਨ ਇਹ ਫੈਸਲਾ ਲਿਆ ਗਿਆ ਕਿ ਪਹਿਲਾ ਗੇੜ-1 ਮਈ ਤੋਂ 30 ਮਈ ਤੱਕ ਆਯੋਜਿਤ ਕੀਤਾ ਜਾਵੇਗਾ। ਇਸ ਦੇ ਤਹਿਤ ਸਵੈ-ਗਣਨਾ ਦੀ ਮਿਆਦ 16 ਅਪ੍ਰੈਲ ਤੋਂ 30 ਅਪ੍ਰੈਲ ਤੱਕ ਨਿਰਧਾਰਿਤ ਕੀਤੀ ਗਈ ਏ । ਇਨ੍ਹਾਂ ਤਰੀਕਾਂ ਨੂੰ ਜਲਦੀ ਤੋਂ ਜਲਦੀ ਚੰਡੀਗੜ੍ਹ ਦੇ ਅਧਿਕਾਰਿਤ ਗਜ਼ਟ ਵਿੱਚ ਅਧਿਸੂਚਿਤ ਕੀਤਾ ਜਾਵੇਗਾ।
ਡਿਜੀਟਲ ਜਨਗਣਨਾ ਲਈ ਦਿਸ਼ਾ-ਨਿਰਦੇਸ਼ਿਤ ਕਰਨ ਅਤੇ ਸੰਵੇਦਨਸ਼ੀਲ ਬਣਾਉਣ ਬਾਰੇ ਜਨਗਣਨਾ ਸੰਚਾਲਨ ਡਾਇਰੈਕਟੋਰੇਟ ਵਲੋਂ 25 ਫਰਵਰੀ ਨੂੰ ਇੱਕ ਦਿਨ ਦੀ ਕਾਨਫਰੰਸ ਕੀਤੀ ਜਾਵੇਗੀ।

---------------------------------------------------

ਕਪੂਰਥਲਾ ਸਥਿਤ ਪੁਸ਼ਪਾ ਗੁਜਰਾਲ ਸਾਇੰਸ ਵਲੋਂ ਭਾਰਤ ਦੇ ਮਹਾਨ ਗਣਿਤ ਸਾਸ਼ਤਰੀ ਸ੍ਰੀਨਿਵਾਸ ਰਾਮਾਨੁਜਨ ਦੇ ਜਨਮ ਦਿਵਸ ਸਬੰਧੀ ਗਣਿਤ ਦੀਆਂ ਗਤੀਵਿਧੀਆਂ ਦੇ ਇਕ ਸੈਸ਼ਨ  ਦਾ ਆਯੋਜਨ ਕੀਤਾ ਗਿਆ ਅਤੇ ਵਿਦਿਆਰਥੀਆਂ ਦਾ ਗਣਿਤ ਗੈਲਰੀ ਦੌਰਾ ਕਰਵਾਇਆ ਗਿਆ । ਇਸ ਪ੍ਰੋਗਰਾਮ ਦਾ ਉਦੇਸ਼ ਨੋਜਵਾਨ ਵਿਦਿਆਰਥੀਆਂ ਦੀ ਗਣਿਤ ਦੇ ਵਿਸ਼ੇ ਵਿਚ ਉਤਸਕਤਾ ਅਤੇ ਦਿਲਚਸਪੀ ਪੈਦਾ ਕਰਨਾ ਸੀ ਤਾਂ ਜੋ  ਉਹ ਗਣਿਤ ਦੇ  ਖੇਤਰ ਵਿਚ ਆਪਣਾ ਭਵਿੱਖ ਬਣਾਉਣ। ਇਸ ਮੌਕੇ ਸੂਬੇ ਭਰ ਦੇ ਸਕੂਲਾਂ ਵਿਚੋਂ 100  ਵਿਦਿਆਰਥੀਆਂ ਨੇ ਹਿੱਸਾ ਲਿਆ।  ਸਾਇੰਸ ਸਿਟੀ ਦੇ ਡਾਇਰੈਕਟਰ ਡਾ. ਰਾਜੇਸ਼ ਗਰੋਵਰ ਨੇ ਕਿਹਾ ਕਿ ਗਣਿਤ ਜ਼ਿੰਦਗੀ ਦੇ ਹਰ ਪਹਿਲੂ ਦੀ ਕੁੰਜੀ ਏ ਅਤੇ ਇਸ ਤੋਂ ਬਿਨਾਂ ਕੋਈ ਵੀ ਅਧਿਐਨ, ਖੋਜ ਦੇ ਕੰਮ ਪੂਰੇ ਨਹੀਂ ਹੋ ਸਕਦੇ। ਉਨ੍ਹਾਂ ਕਿਹਾ ਕਿ ਕਿਤਾਬਾਂ ਰਾਹੀਂ ਗਣਿਤ ਨੂੰ ਸਮਝਣ ਤੇ ਸਿੱਖਣ ਵਿਚ ਆਉਂਦੀਆਂ ਮੁਸ਼ਕਲਾਂ ਦੇ ਕਾਰਨ ਵਿਦਿਆਰਥੀਆਂ ਵਿਚ ਗਣਿਤ ਬਾਰੇ ਡਰ ਬਣ ਜਾਂਦਾ ਏ । ਇਸ ਲਈ ਵਿਦਿਆਰਥੀਆਂ ਨੂੰ  ਗਣਿਤ ਦੀਆਂ ਮੁਸ਼ਕਲਾਂ ਨੂੰ ਗੈਰ-ਰਸਮੀ ਸਿੱਖਿਆ ਰਾਹੀਂ ਸਮਝਾਉਣਾ ਸਮੇਂ ਦੀ ਅਹਿਮ ਲੋੜ ਏ ।

ਰਾਸ਼ਟਰੀ ਤੇ ਸੂਬਾ ਪੁਰਸਕਾਰ ਜੇਤੂ ਗਣਿਤ ਮਾਹਿਰ  ਕਿਰਨਦੀਪ ਸਿੰਘ ਇਸ ਮੌਕੇ ਮੁਖ ਬੁਲਾਰੇ ਵਜੋਂ ਹਾਜ਼ਰ ਹੋਏ। ਆਪਣੇ ਸੈਸ਼ਨ ਦੌਰਾਨ ਕਿਰਨਦੀਪ ਸਿੰਘ  ਵਲੋਂ ਗਣਿਤ ਦੇ ਮਾਡਲਾਂ, ਕਿੱਟਾਂ ਅਤੇ ਖੇਡਾਂ  ਰਾਹੀਂ

ਗਣਿਤ ਦੇ ਸਿਧਾਂਤਾਂ ਨੂੰ ਬੜੇ ਹੀ ਆਸਾਨ ਕਰਕੇ ਸਮਝਾਇਆ ਗਿਆ।ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਗਣਿਤ ਦੇ ਮੁੱਢਲੇ ਸਿਧਾਂਤਾਂ ‘ਤੇ ਧਿਆਨ ਦੇਣ ਦੀ ਅਪੀਲ ਕੀਤੀ। ਇਸ ਮੌਕੇ ਵਿਦਿਆਰਥੀਆਂ ਨੇ ਬੜੀ ਦਿਲਚਸਪੀ ਨਾਲ ਗਣਿਤ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਦੇ ਢੰਗ ਤਰੀਕੇ ਸਿੱਖੇ।

---------------------------------------------------------------------

ਪੰਜਾਬ ਪੁਲਿਸ ਅਤੇ ਭਾਰਤੀ ਕੌਮੀ ਸ਼ਾਹਰਾਹ ਅਥਾਰਟੀ ਨੇ ਸੂਬੇ ਦੀਆਂ ਸੜਕਾਂ ’ਤੇ ਸੁਰੱਖਿਆ ਅਤੇ ਬਿਹਤਰ ਆਵਾਜਾਈ ਪ੍ਰਬੰਧਨ ਯਕੀਨੀ ਬਣਾਉਣ ਲਈ ਉੱਚ-ਪੱਧਰੀ ਤਾਲਮੇਲ ਮੀਟਿੰਗ ਕੀਤੀ। ਟ੍ਰੈਫਿਕ ਅਤੇ ਸੜਕ ਸੁਰੱਖਿਆ ਬਾਰੇ ਵਿਸ਼ੇਸ਼ DGP ਏ.ਐਸ. ਰਾਏ ਅਤੇ ਅਥਾਰਟੀ ਚੰਡੀਗੜ੍ਹ ਦੇ ਖੇਤਰੀ ਅਫਸਰ ਰਾਕੇਸ਼ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਮੌਜੂਦਾ ਅਤੇ ਆਉਣ ਵਾਲੇ ਸ਼ਾਹਰਾਹ ਲਾਂਘਿਆ ’ਤੇ ਆਧੁਨਿਕ ਟ੍ਰੈਫਿਕ ਪ੍ਰਬੰਧਨ ਮੈਨੇਜਮੈਂਟ ਸਿਸਟਮ ਦੀ ਪ੍ਰਭਾਵੀ ਵਰਤੋਂ ’ਤੇ ਵਿਚਾਰ ਚਰਚਾ ਕੀਤੀ ਗਈ । ਏ.ਐਸ. ਰਾਏ ਨੇ ਦੱਸਿਆ ਕਿ ਦੋਵਾਂ ਏਜੰਸੀਆਂ ਨੇ ਅਸਲ-ਸਮੇਂ ਦੀ ਨਿਗਰਾਨੀ, ਆਟੋਮੈਟਿਕ ਵਾਇਓਲੇਸ਼ਨ ਡਿਟੈਕਸ਼ਨ ਅਤੇ ਦੁਰਘਟਨਾ ਵਾਲੀ ਥਾਂ ’ਤੇ ਫੌਰੀ ਪ੍ਰਤੀਕਿਰਿਆ ਲਈ ਏ.ਟੀ.ਐਮ.ਐਸ. ਡੇਟਾ ਨਾਲ ਇਨਫੋਰਸਮੈਂਟ ਪ੍ਰੋਟੋਕੋਲ ਨੂੰ ਏਕੀਕ੍ਰਿਤ ਕਰਨ ’ਤੇ ਚਰਚਾ ਕੀਤੀ ਗਈ।

ਉਨ੍ਹਾਂ ਕਿਹਾ ਕਿ ਏਜੰਸੀਆਂ ਨੇ ਸੜਕਾਂ ਤੇ ਦਿਖਤਾ ਅਤੇ ਜਨਤਕ ਸਹਾਇਤਾ ਨੂੰ ਵਧਾਉਣ ਲਈ ਮੁੱਖ ਟੋਲ ਪਲਾਜ਼ਾ ਅਤੇ ਬਿਨਾਂ ਟੋਲ ਵਾਲੀਆਂ ਥਾਵਾਂ ’ਤੇ ਟ੍ਰੈਫਿਕ ਸਹਾਇਤਾ ਪੋਸਟਾਂ ਨੂੰ ਅਪਗ੍ਰੇਡ ਕਰਨ ’ਤੇ ਸਹਿਮਤੀ ਪ੍ਰਗਟਾਈ।

------------------------------------------------------------

ਭਾਰਤ ਨੇ ਬੀਤੀ ਰਾਤ ਨਾਗਪੁਰ ਦੇ ਵਿਦਰਭ ਕ੍ਰਿਕੇਟ ਐਸੋਸੀਏਸ਼ਨ ਸਟੇਡੀਅਮ ਵਿੱਚ ਪੰਜ ਮੈਚਾਂ ਦੀ ਲੜੀ ਦੇ ਪਹਿਲੇ twenty -20 ਮੈਚ ਵਿੱਚ ਨਿਊਜ਼ੀਲੈਂਡ ਨੂੰ 48 ਦੌੜਾਂ ਨਾਲ ਹਰਾਇਆ। ਇਸ ਜਿੱਤ ਦੇ ਨਾਲ, ਭਾਰਤੀ ਟੀਮ ਨੇ ਨਿਊਜ਼ੀਲੈਂਡ ਖਿਲਾਫ ਪੰਜ ਮੈਚਾਂ ਦੀ ਲੜੀ ਵਿੱਚ 1-0 ਦੀ ਲੀਡ ਲੈ  ਲਈ ਏ। ਭਾਰਤ ਵਲੋਂ ਦਿੱਤੇ ਗਏ 239 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ, ਨਿਊਜ਼ੀਲੈਂਡ ਨਿਰਧਾਰਤ 20 ਓਵਰਾਂ ਵਿੱਚ ਸੱਤ ਵਿਕਟਾਂ 'ਤੇ ਸਿਰਫ 190 ਦੌੜਾਂ ਹੀ ਬਣਾ ਸਕਿਆ। ਮਹਿਮਾਨ ਟੀਮ ਲਈ ਗਲੇਨ ਫਿਲਿਪਸ ਨੇ 40 ਗੇਂਦਾਂ ਵਿੱਚ 78 ਦੌੜਾਂ ਬਣਾਈਆਂ, ਜਿਸ ਨਾਲ ਸਭ ਤੋਂ ਵੱਧ ਸਕੋਰਰ ਰਹੇ। ਮੇਜ਼ਬਾਨ ਟੀਮ ਲਈ, ਵਰੁਣ ਚੱਕਰਵਰਤੀ ਅਤੇ ਸ਼ਿਵਮ ਦੂਬੇ ਨੇ ਇੱਕ-ਇੱਕ ਵਿਕਟ ਲਈ ਜਦੋਂ ਕਿ ਅਰਸ਼ਦੀਪ ਸਿੰਘ, ਹਾਰਦਿਕ ਪੰਡਯਾ ਅਤੇ ਅਕਸ਼ਰ ਪਟੇਲ ਨੇ ਇੱਕ-ਇੱਕ ਵਿਕਟ ਲਈ।

------------------------------------------------------------